ਵੱਲੋ,

ਡਾਇਰੈਕਟਰ ਤਕਨੀਕੀ ਸਿੱਖਿਆ ਅਤੇ
ਉਦਯੋਗਿਕ ਸਿਖਲਾਈ ਵਿਭਾਗ, ਪੰਜਾਬ।

ਸੇਵਾ ਵਿਖੇ,

1. ਰਜਿਸਟਰਾਰ, ਆਈ.ਕੇ. ਗੁਜਰਾਲ ਪੰਜਾਬ ਤਕਨੀਕੀ ਯੂਨੀਵਰਸਿਟੀ, ਜਲੰਧਰ,
2. ਰਜਿਸਟਰਾਰ, ਮਹਾਰਾਜਾ ਰਣਜੀਤ ਸਿੰਘ ਪੰਜਾਬ ਤਕਨੀਕੀ ਯੂਨੀਵਰਸਿਟੀ, ਬਠਿੰਡਾ, ।
3. ਪੰਜਾਬ ਰਾਜ ਦੇ ਸਮੂਹ ਪ੍ਰਿੰਸੀਪਲ ਸਰਕਾਰੀ/ ਗੈਰ ਸਰਕਾਰੀ ਇੰਜਨੀਅਰਿੰਗ ਕਾਲਜ।
4. ਪੰਜਾਬ ਰਾਜ ਦੇ ਸਮੂਹ ਪ੍ਰਿੰਸੀਪਲ ਸਰਕਾਰੀ/ ਗੈਰ ਸਰਕਾਰੀ ਬਹੁ-ਤਕਨੀਕੀ ਕਾਲਜ।
5. ਪੰਜਾਬ ਰਾਜ ਦੇ ਸਮੂਹ ਪ੍ਰਿੰਸੀਪਲ/ਮੁੱਖੀ ਸਮੂਹ ਸਰਕਾਰੀ/ ਗੈਰ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ।

ਮੀਮੋ ਨੰ: ਆਈਟੀ/ਐਚਕਿਉ/1020-24
ਮਿਤੀ: ਚੰਡੀਗੜ੍ਹ 14/03/2020

ਵਿਸ਼ਾ: ਕਰੋਨਾ ਵਾਇਰਸ਼ ਦੀ ਮਹਾਂਮਾਰੀ ਦੇ ਮੱਦੇਨਜ਼ਰ ਮਿਤੀ 31/03/2020 ਤੱਕ ਤਕਨੀਕੀ ਸੰਸਥਾਵਾਂ ਬੰਦ ਕਰਨ ਸਬੰਧੀ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਤਕਨੀਕੀ ਸਿਖਿਆ ਅਤੇ ਉਦਯੋਗਿਕ ਸਿਖਲਾਈ ਮੰਤਰੀ ਜੀ ਵੱਲੋ ਆਦੇਸ਼ ਦਿੱਤੇ ਗਏ ਹਨ ਕਿ ਕਰੋਨਾ ਵਾਇਰਸ਼ ਦੀ ਮਹਾਂਮਾਰੀ ਨਾ ਫੈਲੇ ਇਸ ਲਈ ਇਤਹਾਤੀ ਤੌਰ ਤੇ ਆਈ.ਕੇ. ਗੁਜਰਾਲ ਪੰਜਾਬ ਤਕਨੀਕੀ ਯੂਨੀਵਰਸਿਟੀ, ਜਲੰਧਰ, ਮਹਾਰਾਜਾ ਰਣਜੀਤ ਸਿੰਘ ਪੰਜਾਬ ਤਕਨੀਕੀ ਯੂਨੀਵਰਸਿਟੀ, ਬਠਿੰਡਾ, ਪੰਜਾਬ ਰਾਜ ਦੇ ਸਮੂਹ ਸਰਕਾਰੀ/ ਗੈਰ ਸਰਕਾਰੀ ਇੰਜਨੀਅਰਿੰਗ ਕਾਲਜਾਂ, ਪੰਜਾਬ ਰਾਜ ਦੀਆ ਸਮੂਹ ਸਰਕਾਰੀ/ ਗੈਰ ਸਰਕਾਰੀ ਬਹੁ-ਤਕਨੀਕੀ ਕਾਲਜ ਅਤੇ ਸਮੂਹ ਸਰਕਾਰੀ/ ਗੈਰ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ ਮਿਤੀ 31/03/2020 ਤੱਕ ਬੰਦ ਕੀਤੀਆ ਜਾਦੀਆ ਹਨ ਅਤੇ ਕਿਸੇ ਵੀ ਤਰ੍ਹਾਂ ਦੇ ਪ੍ਰੋਗਰਾਮ/ ਸੈਮੀਨਾਰ/ ਮੀਟਿੰਗਾਂ/ ਖੇਡਾਂ ਸਮਾਗਮ ਆਦਿ ਵੀ ਮੁਲਤਵੀ ਕੀਤੀਆਂ ਜਾਣ। ਇਸ ਦੋਰਾਨ ਕੋਈ ਵੀ ਟੀਚਿੰਗ ਅਤੇ ਨਾਨ ਟੀਚਿੰਗ ਸਟਾਫ ਸੰਸਥਾਵਾਂ ਵਿੱਚ ਹਾਜ਼ਰ ਨਹੀ ਹੋਵੇਗਾ, ਪ੍ਰਤੂੰ ਆਪਣੇ ਪੋਸਟਿੰਗ ਵਾਲੇ ਸਟੇਸ਼ਨ ਤੇ ਉਪਲਬੱਧ ਰਹੇਗਾ ਤਾਂ ਜੋ ਲੋੜ ਪੈਣ ਤੇ ਉਨ੍ਹਾ ਨੂੰ ਬੁਲਾਇਆ ਜਾ ਸਕੇ।

ਇਸ ਲਈ ਆਪ ਨੂੰ ਲਿਖਿਆ ਜਾਦਾ ਹੈ ਕਿ ਤਕਨੀਕੀ ਸਿਖਿਆ ਅਤੇ ਉਦਯੋਗਿਕ ਸਿਖਲਾਈ ਮੰਤਰੀ ਜੀ ਦੇ ਉਕਤ ਹੁਕਮਾਂ ਦੀ ਇੰਨ ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਸੰਯੁਕਤ ਡਾਇਰੈਕਟਰ (ਉ:ਸਿ:)
ਵਾ: ਡਾਇਰੈਕਟਰ, ਤਕਨੀਕੀ ਸਿੱਖਿਆ ਅਤੇ
ਉਦਯੋਗਿਕ ਸਿਖਲਾਈ ਵਿਭਾਗ, ਪੰਜਾਬ।

Scanned with CamScanner